# ਗੁਰੂ ਗ੍ਰੰਥ ਸਾਹਿਬ ਦੀ ਸਰਵੋਤੱਮਤਾ ਬਾਰੇ ਵਰਜੀਨੀਆ, ਅਮਰੀਕਾ ਵਿਖੇ ਸੈਮੀਨਾਰ ਸਫਲਤਾ ਸਹਿਤ ਸੰਪੂਰਨ

Categorized | Featured Punjabi Article Highlighted Hot Topics

Posted by *ਮਨਜੀਤ ਸਿੰਘ* on Thursday, June 30, 2016 at 1:41 am.

*Tags: ਸਿੰਘ ਸਭਾ ਕੈਨੇਡਾ, ਸੈਮੀਨਾਰ, ਦਸਮ ਗਰੰਥ, ਵਰਜੀਨੀਆ*

**26 ਜੂਨ, 2016 ਐਤਵਾਰ ਵਾਲੇ ਦਿਨ ਗੁਰਦਵਾਰਾ ਸਾਹਿਬ, ਸਿੱਖ ਸੰਗਤ ਆਫ ਵਰਜੀਨੀਆ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਵੋਤਮਤਾ ਦੇ ਸੰਬੰਧ ਵਿੱਚ ਉਲੀਕੇ ਗਏ ਸੈਮੀਨਾਰ ਦੀ ਸੰਪੂਰਨਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਵਿਚ ਸੰਗਤਾਂ, ਸੇਵਾਦਾਰਾਂ, ਗਿਆਨੀ ਕੁਲਦੀਪ ਸਿੰਘ ਅਤੇ ਵਿਦਵਾਨ ਬੁਲਾਰਿਆਂ ਦੇ ਸਾਂਝੇ ਸਹਿਯੋਗ ਨਾਲ ਸਫਲਤਾ ਸਹਿਤ ਹੋਈ। ਸਵੇਰ ਦੇ ਦੀਵਾਨ ਦੀ ਅਰੰਭਤਾ ਗਿਆਨੀ ਕੁਲਦੀਪ ਸਿੰਘ ਤੇ ਸਾਥੀਆਂ ਨੇ ਆਸਾ ਕੀ ਵਾਰ ਕੀਰਤਨ ਰਾਹੀਂ ਕੀਤੀ। ਅਮਰੀਕਾ ਅਤੇ ਕੈਨੇਡਾ ਦੀਆਂ ਵੱਖ ਵੱਖ ਥਾਵਾਂ ਤੋਂ ਪਹੁੰਚੇ ਵਿਦਵਾਨ ਬੁਲਾਰਿਆਂ ਨੇ ਭਾਗ ਲਿਆ। 6 ਘੰਟੇ ਤੱਕ ਚਲਦੇ ਰਹੇ ਭਰੇ ਦਿਵਾਨ ਹਾਲ ਵਿਚ ਸੰਗਤਾਂ ਨੇ ਇਕਾਗਰਤਾ ਸਹਿਤ ਵਿਦਵਾਨ ਬੁਲਾਰਿਆਂ ਨੂੰ ਇੱਕ ਰਸ ਸੁਣਿਆ।**




**ਪਹਿਲੇ ਬੁਲਾਰੇ ਸਰਦਾਰ ਸੁਖਦੀਪ ਸਿੰਘ, ਸਿੰਘ ਸਭਾ ਕੈਨੇਡਾ** ਵਾਲਿਆਂ ਨੇ ਸਖੀ ਸਰਵਰੀਆ' ਦੇ ਮੁੱਖੀ ਭਾਈ ਮੰਝ ਜੀ ਦੀ ਉਧਾਰਨ ਰਾਹੀਂ, ਗੁਰਸਿੱਖੀ ਵਲ ਪਰਤਨ ਦੀ ਮਿਸਾਲ ਦੇ ਕੇ ਵਰਜੀਨੀਆ ਵਿਖੇ ਕੀਤੇ ਗਏ ਅੰਮ੍ਰਿਤ ਪਰਚਾਰ ਕਰਨ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਅੰਕਿਤ ਬਾਣੀਆਂ ਦੇ ਪੜ੍ਹੇ ਜਾਣ ਦੀ ਭਰਪੂਰ ਸ਼ਲਾਘਾ ਕਰਦਿਆਂ ਵਰਜੀਨੀਆਂ ਦੀਆਂ ਸੰਗਤਾਂ ਨੂੰ ਵਧਾਈ ਦੇ ਪਾਤਰ ਬਣਾਇਆ। ਸਿੰਘ ਸਭਾ ਕੈਨੇਡਾ ਦੀਆਂ ਸਾਰੀਆਂ ਸਾਖਾਵਾਂ ਤੇ ਹੋਰ ਸੰਸਥਾਵਾਂ ਵਲੋਂ ਅੱਗੇ ਲਈ ਪੂਰੇ ਪੂਰੇ ਸਹਿਯੋਗ ਦੀ ਗਲ ਕੀਤੀ।




**ਦੂਜੇ ਬੁਲਾਰੇ ਸਰਦਾਰ ਚਮਕੌਰ ਸਿੰਘ, ਫਰੈਜ਼ਿਨੋ ਵਾਲਿਆਂ** ਨੇ ਸਾਹਿਬ-ਏ-ਕਮਾਲ ਗੁਰੂ ਗੋਬਿੰਦ ਸਿੰਘ ਜੀ ਦੀ ਸਾਰੀ ਜੀਵਨੀ 'ਤੇ ਤਰਤੀਬ ਵਾਰ ਸੰਖੇਪ ਵਿਚ ਇਤਿਹਾਸ ਦਸਦਿਆਂ ਕਿਹਾ ਕਿ ਗੁਰੂ ਜੀ ਨੇ 14 ਜੰਗਾਂ ਵੀ ਲੜੀਆਂ, ਕੇਵਲ 42 ਸਾਲਾ ਦੇ ਜੀਵਨ ਕਾਲ ਵਿਚ ਇਤਨੇ ਰੁਝੇਵਿਆਂ ਵਿਚ ਉਨ੍ਹਾਂ ਕੋਲ ਅਖੌਤੀ ਦਸਮ ਗ੍ਰੰਥ ਵਿਚ 600 ਪੰਨਿਆਂ ਦੀਆਂ ਘਰ ਪਰਵਾਰ ਵਿੱਚ ਬੈਠ ਕੇ ਨਾ ਪੜ੍ਹੀਆਂ ਜਾ ਸਕਣ ਵਾਲੀਆਂ ਰਚਨਾਵਾਂ ਲਿਖਣ ਦਾ ਸਮਾਂ ਕਿੱਥੇ ਸੀ? ਨਾਲ ਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਿੱਖ ਧਰਮ ਦੇ ਬਾਨੀ ਗੁਰੂ ਨਾਨਕ ਸਾਹਿਬ ਦੀ ਵਿਚਾਰ ਧਾਰਾ ਦੇ ਪ੍ਰਤੀਕੂਲ ਕਦੇ ਵੀ ਨਹੀਂ ਸੀ ਲਿਖ ਸਕਦੇ। ਇਸ ਮਗਰੋਂ ਅੱਧੇ ਘੰਟੇ ਦੀ ਨਾਸ਼ਤੇ ਲਈ ਬ੍ਰੇਕ ਕੀਤਾ ਗਿਆ।

ਸੈਮੀਨਾਰ ਦਾ ਦੂਜਾ ਹਿੱਸਾ 11:30 ਸ਼ੁਰੂ ਹੋਇਆ। ਜਿਸ ਵਿਚ ਗਿਆਨੀ ਕੁਲਦੀਪ ਸਿੰਘ ਜੀ ਨੇ ਕੀਰਤਨ ਵਿਖਿਆਨ ਕਰਕੇ, ਦਰਸਾਇਆ ਕਿ ਇੱਥੇ ਦੀ ਸਾਰੀ ਸੰਗਤ ਆਪ ਗੁਰਬਾਣੀ ਪੜ੍ਹਦੀ, ਵਿਚਾਰਦੀ ਅਤੇ ਸੇਵਾ ਕਰਦੀ ਹੈ। ਇਸੇ ਕਰਕੇ ਇੰਨਾ ਵੱਡਾ ਕਾਰਜ ਗੁਰੂ ਦੀ ਰਹਿਮਤ ਅਤੇ ਸੰਗਤਾਂ ਦੇ ਸਹਿਯੋਗ ਨਾਲ ਹੀ ਨੇਪਰੇ ਚੜ੍ਹਿਆ ਹੈ।




**ਤੀਜੇ ਨੰਬਰ 'ਤੇ ਸ. ਅਵਤਾਰ ਸਿੰਘ ਮਿਸ਼ਨਰੀ**, ਕੈਲੀਫੋਰਨੀਆ ਨੇ ਗੁਰਮਤਿ ਵਿਚਾਰਾਂ ਕਰਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਵੋਤਮਤਾ 'ਤੇ ਵਿਖਿਆਨ ਕਰਦੇ ਦਰਸਾਇਆ ਕਿ ਦੁਨੀਆ ਦਾ ਇੱਕੋ ਇੱਕ ਧਾਰਮਿਕ ਗ੍ਰੰਥ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹੈ, ਜਿਸ ਵਿਚ ਰੱਬ ਨਾਲ ਜੋੜੇ ਵੱਖ ਵੱਖ ਧਰਮਾਂ ਦੇ ਭਗਤਾਂ ਦੀਆਂ ਰਚਨਾਵਾਂ ਨੂੰ ਬਾਣੀ ਦੇ ਰੂਪ ਵਿਚ ਬਰਾਬਰਤਾ ਦਿੱਤੀ ਗਈ ਹੈ। ਗੁਰੂ ਗੋਬਿੰਦ ਸਿੰਘ ਜੀ ਨੇ ਇਸੇ ਗ੍ਰੰਥ ਨੂੰ ਗੁਰਤਾ ਗੱਦੀ ਦੇ ਕੇ "ਸਭ ਸਿਖੱਨ ਕਉ ਹੁਕਮ ਹੈ ਗੁਰੂ ਮਾਨਿਓ ਗ੍ਰੰਥ" ਫਰਮਾਇਆ ਸੀ। ਇੱਥੇ ਇਹ ਦਸਣਾ ਵੀ ਜ਼ਰੂਰੀ ਹੈ ਕਿ ਉਸ ਸਮੇਂ ਹੋਰ ਕੋਈ ਪੁਸਤਕ ਗ੍ਰੰਥ ਕਹਾਉਣ ਯੋਗ ਮੌਜੂਦ ਹੀ ਨਹੀਂ ਸੀ।




**ਸੈਮੀਨਾਰ ਵਿਚ ਅਗਲੇ ਬੁਲਾਰੇ ਪ੍ਰੋ. ਕਸ਼ਮੀਰਾ ਸਿੰਘ, ਯੂ ਐਸ ਏ ਵਾਲੇ ਸਨ**, ਜਿਨ੍ਹਾਂ ਸਭ ਤੋਂ ਪਹਿਲਾਂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬਾਣੀਆਂ ਪੜ੍ਹ ਕੇ ਪਾਹੁਲ ਦੇਣ ਦੀ ਵਧਾਈ, ਗਿਆਨੀ ਕੁਲਦੀਪ ਸਿੰਘ ਅਤੇ ਵਰਜੀਨੀਆਂ ਦੀਆਂ ਸੰਗਤਾਂ ਨੂੰ ਕਵਿਤਾ ਵਿੱਚ ਦੇ ਕੇ, ਸਿੱਖ ਰਹਿਤ ਮਰਿਯਾਦਾ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ, ਕਿ ਕਿਵੇਂ ਅੰਗ੍ਰੇਜ਼ ਸਰਕਾਰ ਅਤੇ ਸੰਪਰਦਾਈਆਂ ਨੇ ਘੁਸਪੈਠ ਕਰਕੇ ਸਿੱਖ ਰਹਿਤ ਮਰਿਆਦਾ ਵਿੱਚ

24 hrs CLICK HERE TO LISTEN ONLINE
Call to listen on phone 1 857 232 0054

ਆਪਣੇ ਲੇਖ / ਪੱਤਰ ਅਤੇ ਖਬਰਾਂ ਭੇਜੋ
SUBMIT AN ARTICLE

Search By Author | ਖੋਜ

Popular Tags

Also find us @
facebook
YouTube
LIVE TV

Sikh Bullentin
From California,USA

Fateh Publications
Prof. Inder Singh Ghagga

Sikh Virsa
From Calgary , Canada

Other Useful Links

Tumado
ARE YOU LOOKING FOR
WEB DESIGING WEB ANALYTICS
WEB DEVELOPMENT ONLINE MARKETING
HURREH! YOUR SEARCH END HERE
www.tumado.com

ਬਿਪਰਵਾਦ ਨੂੰ ਲਿਆ ਬਿਠਾਇਆ, ਜਿਸ ਦਾ ਸੰਤਾਪ ਅੱਜ ਆਮ ਸਿੱਖ ਭੋਗਣ ਨੂੰ ਮਜਬੂਰ ਹੈ।




**ਸੈਮੀਨਾਰ ਦੇ ਅਖੀਰਲੇ ਬੁਲਾਰੇ ਸਰਦਾਰ ਗੁਰਚਰਨ ਸਿੰਘ ਜੀਉਣਵਾਲਾ** ਨੇ ਸਭ ਤੋਂ ਪਹਿਲਾਂ ਅਖੌਤੀ ਦਸਮ ਗ੍ਰੰਥ ਵਿਖਾਇਆ, ਜਿਸ ਨੂੰ ਸੰਗਤਾਂ ਨੇ ਖਬਰੇ ਪਹਿਲੀ ਵਾਰ ਹੀ ਦੇਖਿਆ ਸੀ? ਉਸ ਵਿਚਲੀਆਂ ਰਚਨਾਵਾਂ ਦਾ ਸਿਲਸਿਲੇ ਵਾਰ ਉਲੇਖ ਕਰਕੇ ਸੰਗਤਾਂ ਨੂੰ ਇਸ ਦੇ ਮਜ਼ਮੂਨ ਬਾਰੇ ਜਾਣੂ ਕਰਵਾਇਆ। ਉਨ੍ਹਾਂ ਬੜੇ ਵਿਸਥਾਰ ਨਾਲ ਇਹ ਵੀ ਦਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚਾਰਧਾਰਾ ਨਾਲ ਮੇਲ ਖਾਂਦੀ ਇਸ ਵਿਚ ਕੋਈ ਵੀ ਰਚਨਾ ਨਹੀਂ। ਇਸ ਲਈ ਸਾਨੂੰ ਕੇਵਲ ਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਬਾਣੀ ਨੂੰ ਹੀ ਪੂਰਨ ਭਰੋਸਾ ਰੱਖ ਕੇ ਆਪਣੇ ਜੀਵਨ ਦਾ ਆਦਰਸ਼ ਮੰਨਣਾ ਚਾਹੀਦਾ ਹੈ।














ਸਮਾਪਤੀ ਤੋਂ ਪਹਿਲਾਂ ਬਾਹਰੋਂ ਆਏ ਬੁਲਾਰਿਆਂ ਅਤੇ ਸਾਰੀਆਂ ਸੰਗਤਾਂ ਦਾ ਗਿਆਨੀ ਕੁਲਦੀਪ ਸਿੰਘ ਜੀ ਨੇ ਧੰਨਵਾਦ ਕੀਤਾ, ਜਿਨ੍ਹਾਂ ਨੇ ਬਹੁਤ ਪਿਆਰ ਦਾ ਸਬੂਤ ਦੇ ਕੇ ਇਸ ਸੈਮੀਨਾਰ ਨੂੰ ਨਿਰਬਿਘਨ ਪੂਰਨ ਕਰਨ ਵਿਚ ਸਹਿਯੋਗ ਪਾਇਆ।

ਸੈਮੀਨਾਰ ਦੀਆਂ ਵੀਡੀਓ ਵੇਖਣ ਲਈ – ਲਿੰਕ :- http://www.sikhsangatofva.org/Diwan20160626seminar.html

**– ਸੇਵਾਦਾਰ, ਸਿੱਖ ਸੰਗਤ ਆਫ਼ ਵਰਜੀਨੀਆ**

Be Sociable, Share!

MORE

Tweet Like 3 G+1 0 Share Submit

**Related Posts**

1. ਕਾਨਪੁਰੀ ਬੀ□□...
2. ਗਿ. ਕੁਲਦੀਪ ਸ...
3. ਗੁਰੂ ਗ੍ਰੰਥ □...
4. ਦਸਮ ਗ੍ਰੰਥ ਦੀ ਪ੍ਰਮਾਣਕਤਾ ?
5. ਅਜੋਕੀ ਅਰਦਾ□□...
6. ਵਿਰਸਾ ਸੰਭਾਲੋ ! ਵਿਰਸਾ ਸੰਭਾਲੋ !!
7. ਗੁਰੂ ਗ੍ਰੰਥ □...
8. ਸਿੰਘ ਸਭਾ ਕੋ□...

**Leave a Reply**

Name (required)

Mail (will not be published) (required)

Website

Submit Comment

© Copyright Singhsabhacanada.com. All Rights Reserved.